# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 29-09-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਨਵੇਂ ਬਣੇ ਦਿੱਲੀ BJP ਦਫ਼ਤਰ ਦਾ ਉਦਘਾਟਨ ਕੀਤਾ-ਕਿਹਾ ਇਹ ਸਬ ਪਿਛਲੇ ਦਹਾਕਿਆਂ ਦੌਰਾਨ, BJP ਦੇ ਅਣਗਿਣਤ ਵਰਕਰਾਂ ਦੇ ਸਮਰਪਣ ਅਤੇ ਮਿਹਨਤ ਦਾ ਨਤੀਜਾ ਏ।
- -ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵਲੋਂ ਹੁਸ਼ਿਆਰਪੁਰ ਵਿੱਚ ਹੋਏ LPG ਟੈਂਕਰ ਧਮਾਕੇ ਦੇ ਸੰਬਧ ਵਿਚ ਪੰਜਾਬ ਦੇ ਮੁੱਖ ਸਕੱਤਰ, ਹੁਸ਼ਿਆਰਪੁਰ ਦੇ SSP ਅਤੇ ਪੈਟਰੋਲੀਅਮ ਅਤੇ ਵਿਸਫੋਟਕ ਸੁਰੱਖਿਆ ਸੰਗਠਨ ਦੇ ਮੁੱਖ ਕੰਟਰੋਲਰ ਨੂੰ ਨੋਟਿਸ ਜਾਰੀ।
- -ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਰਾਜ ਮੰਤਰੀ ਸਾਵਿਤ੍ਰੀ ਠਾਕੁਰ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ I
- -ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪੰਜਾਬ ਟਾਊਨ ਇੰਪਰੂਵਮੈਂਟ ਐਕਟ ਪਾਸ I

- -ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਜਲੰਧਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ - ਸੂਬੇ ਦੇ ਨੌਜਵਾਨਾਂ ਨੂੰ ਬਾਹਰ ਬੈਠੇ ਅਪਰਾਧੀਆਂ ਦੀਆਂ ਗੱਲਾਂ ਵਿੱਚ ਨਾ ਆਉਣ ਦੀ ਕੀਤੀ ਅਪੀਲ I ਅਤੇ
- ਦਿਲ ਦੀਆਂ ਬਿਮਾਰੀਆਂ, ਉਨ੍ਹਾਂ ਦੀ ਰੋਕਥਾਮ ਅਤੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਦਿਲ ਦਿਵਸ ਮਨਾਇਆ ਜਾ ਰਿਹਾ ਏ I

**ਹੁਣ ਖਬਰਾਂ ਵਿਸਥਾਰ ਨਾਲ....**

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਦੀਨ ਦਿਆਲ ਉਪਾਧਿਆਏ ਮਾਰਗ 'ਤੇ ਨਵੇਂ ਬਣੇ ਦਿੱਲੀ ਬੀਜੇਪੀ ਦਫ਼ਤਰ ਦਾ ਉਦਘਾਟਨ ਕੀਤਾ। ਇਸ ਦਫ਼ਤਰ ਦਾ ਨੀਂਹ ਪੱਥਰ 9 ਜੂਨ, 2023 ਨੂੰ ਬੀਜੇਪੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਰੱਖਿਆ ਸੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਨਰਾਤਿਆਂ ਦੇ ਪਵਿੱਤਰ ਮੌਕੇ 'ਤੇ, ਦਿੱਲੀ ਬੀਜੇਪੀ ਨੂੰ ਇੱਕ ਨਵਾਂ ਦਫ਼ਤਰ ਮਿਲਿਆ ਏ। ਉਨ੍ਹਾਂ ਕਿਹਾ ਕਿ 1980 ਵਿੱਚ ਬੀਜੇਪੀ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ, ਬੀਜੇਪੀ ਨੇ ਆਪਣੇ 45 ਸਾਲ ਪੂਰੇ ਕਰ ਲਏ ਨੇ। ਸ੍ਰੀ ਮੋਦੀ ਨੇ ਕਿਹਾ ਕਿ, ਦਿੱਲੀ ਬੀਜੇਪੀ ਦੀ ਤਾਕਤ ਜੋ ਇਸ ਸਮੇਂ, ਇਸ ਕੋਲ ਏ, ਉਹ ਪਿਛਲੇ ਦਹਾਕਿਆਂ ਦੌਰਾਨ, ਇਸ ਦੇ

ਅਣਗਿਣਤ ਵਰਕਰਾਂ ਦੇ ਸਮਰਪਣ ਅਤੇ ਮਿਹਨਤ ਦਾ ਨਤੀਜਾ ਏ। ਇਸ ਮੌਕੇ ਬੋਲਦਿਆਂ, ਬੀਜੇਪੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਆਪਣੀ ਜ਼ਿੰਦਗੀ ਦਾ ਹਰ ਪਲ ਰਾਸ਼ਟਰ ਅਤੇ ਪਾਰਟੀ ਨੂੰ ਸਮਰਪਿਤ ਕੀਤਾ ਏ। ਇਸ ਤੋਂ ਪਹਿਲਾਂ, ਦਿੱਲੀ ਬੀਜੇਪੀ ਮੁਖੀ ਵੀਰੇਂਦਰ ਸਚਦੇਵਾ ਨੇ ਕਿਹਾ ਕਿ ਨਵਾਂ ਦਫ਼ਤਰ ਸਿਰਫ਼ ਇੱਕ ਕਾਰਜ ਸਥਾਨ ਨਹੀਂ ਏ, ਸਗੋਂ ਕਦਰਾਂ-ਕੀਮਤਾਂ ਦਾ ਕੇਂਦਰ ਏ, ਜਿੱਥੇ ਵਰਕਰਾਂ ਵਿੱਚ, ਪਾਰਟੀ ਦੇ ਸੱਭਿਆਚਾਰ ਅਤੇ ਭਾਵਨਾ ਨੂੰ ਪਾਲਿਆ-ਪੋਸਿਆ ਜਾਂਦਾ ਏ।

------------------------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਪੰਜਾਬ ਦੇ ਮੁੱਖ ਸਕੱਤਰ, ਹੁਸ਼ਿਆਰਪੁਰ ਦੇ ਸੀਨੀਅਰ ਪੁਲਿਸ ਸੁਪਰਡੈਂਟ ਅਤੇ ਵਣਜ ਅਤੇ ਉਦਯੋਗ ਮੰਤਰਾਲੇ ਅਧੀਨ ਪੈਟਰੋਲੀਅਮ ਅਤੇ ਵਿਸਫੋਟਕ ਸੁਰੱਖਿਆ ਸੰਗਠਨ ਦੇ ਮੁੱਖ ਕੰਟਰੋਲਰ ਨੂੰ ਨੋਟਿਸ ਜਾਰੀ ਕੀਤੇ ਨੇ ।ਇਹ ਨੋਟਿਸ ਹੁਸ਼ਿਆਰਪੁਰ ਦੇ ਇੱਕ ਪਿੰਡ ਵਿੱਚ ਹੋਏ LPG ਟੈਂਕਰ ਧਮਾਕੇ ਦੇ ਪੀੜਤਾਂ ਬਾਰੇ ਜਾਰੀ ਕੀਤੇ ਗਏ ਨੇ । ਕਮਿਸ਼ਨ ਨੇ ਦੋ ਹਫ਼ਤਿਆਂ ਦੇ ਅੰਦਰ ਇਸ ਮਾਮਲੇ ਦੀ ਵਿਸਥਾਰ ਚ ਰਿਪੋਰਟ ਮੰਗੀ ਏ । ਮਨੁੱਖੀ ਅਧਿਕਾਰ ਕਮਿਸ਼ਨ ਨੇ ਮੀਡੀਆ ਰਿਪੋਰਟਾਂ ਦਾ ਆਪਣੇ ਪੱਧਰ 'ਤੇ ਨੋਟਿਸ ਲਿਆ ਏ ਜਿਸ ਵਿੱਚ ਕਿਹਾ ਗਿਆ ਏ  ਕਿ ਘਟਨਾ ਦੇ ਇੱਕ

ਮਹੀਨੇ ਬਾਅਦ ਵੀ, ਪ੍ਰਭਾਵਿਤ ਪਰਿਵਾਰ ਆਪਣੇ ਘਰਾਂ ਅਤੇ ਦੁਕਾਨਾਂ ਨੂੰ ਦੁਬਾਰਾ ਬਣਾਉਣ ਲਈ ਸੰਘਰਸ਼ ਕਰ ਰਹੇ ਹਨ। ਮੀਡੀਆ ਰਿਪੋਰਟਾਂ ਤੋਂ ਪਤਾ ਚੱਲਦਾ ਏ ਕਿ ਘਟਨਾ ਵਿੱਚ ਸੱਤ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਜਾਇਦਾਦਾਂ ਨੂੰ ਨੁਕਸਾਨ ਪਹੁੰਚਿਆ।

--------------------------------------------------------------------------------

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਰਾਜ ਮੰਤਰੀ ਸਾਵਿਤ੍ਰੀ ਠਾਕੁਰ ਨੇ ਕਿਹਾ ਕਿ ਸਰਕਾਰ ਨੇ ਪੰਜਾਬ, ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਵਿੱਚ ਹੜ੍ਹਾਂ ਅਤੇ ਜ਼ਮੀਨ ਖਿਸਕਣ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਤੁਰੰਤ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ, ਪ੍ਰਧਾਨ ਮੰਤਰੀ -ਕਿਸਾਨ ਸਨਮਾਨ ਨਿਧੀ ਯੋਜਨਾ ਦੀ 21ਵੀਂ ਕਿਸ਼ਤ 26 ਸਤੰਬਰ ਨੂੰ ਹੀ ਜਾਰੀ ਕਰ ਦਿੱਤੀ ਏ । ਰਾਜ ਮੰਤਰੀ ਅੱਜ ਹੁਸ਼ਿਆਰਪੁਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਪਹੁੰਚੇ ਹੋਏ ਸਨ । ਉਨ੍ਹਾਂ ਪ੍ਰਭਾਵਿਤ ਕਿਸਾਨਾਂ, ਛੋਟੇ ਕਾਰੋਬਾਰੀਆਂ ਅਤੇ ਪਿੰਡ ਵਾਸੀਆਂ ਨਾਲ ਵੀ ਗੱਲਬਾਤ ਕੀਤੀ। ਸਾਵਿਤ੍ਰੀ ਠਾਕੁਰ ਨੇ ਗੰਧੂਵਾਲ, ਫਤਕੁੱਲਾ, ਅਬਦੁੱਲਾ ਪੁਰ, ਸਮੇਤ ਵੱਖ ਵੱਖ ਪਿੰਡਾਂ ਵਿੱਚ ਕਿਸਾਨ ਵਫ਼ਦਾਂ, ਲੋਕ ਨੁਮਾਇੰਦਿਆਂ ਅਤੇ ਸਥਾਨਕ ਲੋਕਾਂ ਨਾਲ ਮੀਟਿੰਗ ਕੀਤੀ ਅਤੇ ਬਿਆਸ ਦਰਿਆ ਉੱਤੇ ਬਣੇ ਰਾਡਾ ਪੁਲ਼ ਮੰਡੇਰੀਆ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਨੇ ਲੋਕਾਂ ਨੂੰ

ਭਰੋਸਾ ਦਿੱਤਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਸਰਕਾਰ ਵਾਰ-ਵਾਰ ਆਉਣ ਵਾਲੇ ਹੜ੍ਹਾਂ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਰਾਹਤ ਅਤੇ ਲੰਬੇ ਸਮੇਂ ਲਈ ਹੱਲ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਏ। ਸ਼੍ਰੀਮਤੀ ਠਾਕੁਰ ਨੇ ਕਿਹਾ ਕਿ ਕੇਂਦਰ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੇ ਮੁੜ ਵਸੇਬੇ ਅਤੇ ਖੇਤਰ ਵਿੱਚ ਹੜ੍ਹ ਸਬੰਧੀ ਸਮੱਸਿਆਵਾਂ ਦੇ ਹੱਲ ਲਈ ਆਪਣੇ ਯਤਨ ਜਾਰੀ ਰੱਖੇਗਾ।

---

ਸ਼ਹਿਰਾਂ ਦੇ ਵਿਕਾਸ ਕਾਰਜਾਂ 'ਚ ਤੇਜ਼ੀ ਲਿਆਉਣ ਅਤੇ ਵਧੇਰੇ ਸੁਚਾਰੂ ਬਣਾਉਣ ਲਈ ਪੰਜਾਬ ਵਿਧਾਨ ਸਭਾ ਵੱਲੋਂ ਅੱਜ ਪੰਜਾਬ ਟਾਊਨ ਇੰਪਰੂਵਮੈਂਟ ਐਕਟ, 1922 ਪਾਸ ਕੀਤਾ ਗਿਆ ਏ। ਬਿੱਲ ਪੇਸ਼ ਕਰਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਬਿੱਲ ਦਾ ਮਕਸਦ ਸੂਬੇ ਦੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਸੁਧਾਰ ਟਰੱਸਟਾਂ ਕੋਲ ਉਪਲਬਧ ਫੰਡਾਂ ਦੀ ਵਰਤੋਂ ਦੇ ਸਮਰੱਥ ਬਣਾਉਣਾ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਬਿੱਲ ਦਾ ਉਦੇਸ਼ ਨਗਰ ਨਿਗਮ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨਾ ਅਤੇ ਸੁਧਾਰ ਟਰੱਸਟਾਂ ਦੇ ਸਰੋਤਾਂ ਦੀ ਸਰਬੋਤਮ ਵਰਤੋਂ ਰਾਹੀਂ ਰਾਜ ਦੇ ਸ਼ਹਿਰੀ ਕਸਬਿਆਂ ਦੇ ਵਸਨੀਕਾਂ ਲਈ ਨਾਗਰਿਕ ਸੇਵਾਵਾਂ ਦੇ ਪ੍ਰਬੰਧਨ ਨੂੰ ਬਿਹਤਰ ਬਣਾਉਣਾ ਏ।

--------------------------------------------------------------------------

GOYAL-1

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਹੜ੍ਹਾਂ 'ਤੇ ਸਿਆਸਤ ਕਰਨ ਅਤੇ ਸਦਨ ਨੂੰ ਗੁਮਰਾਹ ਕਰਨ ਨੂੰ ਲੈ ਕੇ ਵਿਰੋਧੀ ਧਿਰ ਦੀ ਨਿਕਤਾਚੀਨੀ ਕੀਤੀ। ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੌਰਾਨ "ਪੰਜਾਬ ਦਾ ਪੁਨਰਵਾਸ" ਮਤੇ 'ਤੇ ਦੂਜੇ ਦਿਨ ਬੋਲਦਿਆਂ ਸ੍ਰੀ ਗੋਇਲ ਨੇ ਕਿਹਾ ਕਿ ਲੰਬਾ ਸਮਾਂ ਸੱਤਾ ਵਿਚ ਰਹੀ ਅੱਜ ਦੀ ਵਿਰੋਧੀ ਧਿਰ ਦੇ ਆਗੂ ਸਿਰਫ਼ ਰਾਜਨੀਤੀ ਕਰਨ ਲਈ ਹੀ ਸਰਕਾਰ ਉਤੇ ਬੇਬੁਨਿਆਦ ਇਲਜ਼ਾਮ ਲਗਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਰਾਜਨੀਤੀ ਲਈ ਸਦਨ ਨੂੰ ਇਹ ਕਹਿ ਕੇ ਗੁੰਮਰਾਹ ਕੀਤਾ ਕਿ ਰਣਜੀਤ ਸਾਗਰ ਡੈਮ ਤੋਂ 7 ਲੱਖ ਕਿਊਸਿਕ ਪਾਣੀ ਛੱਡਿਆ ਗਿਆ ਜਦਕਿ ਸੱਚਾਈ ਇਹ ਏ ਕਿ ਰਣਜੀਤ ਸਾਗਰ ਡੈਮ ਤੋਂ ਕਰੀਬ 2.15 ਲੱਖ ਕਿਊਸਿਕ ਪਾਣੀ ਛੱਡਿਆ ਗਿਆ ਸੀ। ਉਨ੍ਹਾਂ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਨੇ ਸਦਨ ਵਿਚ ਝੂਠ ਬੋਲ ਕੇ ਅਪਰਾਧ ਕੀਤਾ ਏ ਜਿਸ ਲਈ ਉਨ੍ਹਾਂ ਨੂੰ ਸਦਨ ਤੋਂ ਮੁਆਫ਼ੀ ਮੰਗਣ ਚਾਹੀਦੀ ਏ ਅਤੇ ਅਸਤੀਫ਼ਾ ਦੇਣਾ ਚਾਹੀਦਾ ਹੈ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਡਰੇਨਾਂ ਦੀ ਸਫ਼ਾਈ ਲਈ ਜੋ ਕੰਮ ਕੀਤਾ, ਉਹ ਪਿਛਲੇ 70 ਸਾਲਾਂ ਵਿੱਚ ਨਹੀਂ ਹੋਇਆ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਇਹ ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ,ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ।

ਇੱਕ ਰਿਪੋਰਟ : V/C

*ਸਰਕਾਰ ਨੇ ਆਮ ਆਦਮੀ 'ਤੇ ਮਾਲੀ ਬੋਝ ਨੂੰ ਘੱਟ ਕਰਨ ਲਈ, ਸਿਹਤ ਸੰਭਾਲ ਖੇਤਰ ਵਿੱਚ ਟੈਕਸ ਵਿੱਚ ਮਹੱਤਵਪੂਰਨ ਕਟੌਤੀ ਕੀਤੀ ਏ. GST 2.0 ਤਹਿਤ, ਸਰਕਾਰ ਨੇ ਕੈਂਸਰ ਅਤੇ ਗੰਭੀਰ ਬੀਮਾਰੀਆਂ ਦੇ ਇਲਾਜ ਲਈ, ਵਰਤੀਆਂ ਜਾਣ ਵਾਲੀਆਂ 36 ਜੀਵਨ ਰੱਖਿਅਕ ਦਵਾਈਆਂ ਨੂੰ ਟੈਕਸ ਮੁਕਤ ਕਰ ਦਿੱਤਾ ਏ। ਜ਼ਰੂਰੀ ਦਵਾਈਆਂ ਅਤੇ ਡਾਕਟਰੀ ਉਪਕਰਣਾਂ ਜਿਵੇਂ ਕਿ gauze, ਪੱਟੀਆਂ, ਡਾਇਗਨੋਸਟਿਕ ਕਿੱਟਾਂ, ਗਲੂਕੋਮੀਟਰ ਅਤੇ ਥਰਮਾਮੀਟਰ 'ਤੇ GST 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ। ਇਸ ਦੇ ਨਾਲ, ਸਿਹਤ ਅਤੇ ਜੀਵਨ ਬੀਮਾ ਪ੍ਰੀਮੀਅਮ 'ਤੇ ਵੀ GST ਤੋਂ ਛੋਟ ਦਿੱਤੀ ਗਈ ਏ। ਇਸ*

*ਨਾਲ ਪ੍ਰੀਮੀਅਮ, ਕਿਫਾਇਤੀ ਹੋਵੇਗਾ ਅਤੇ ਹੋਰ ਪਰਿਵਾਰਾਂ ਨੂੰ ਬੀਮਾ ਖਰੀਦਣ ਲਈ ਉਤਸ਼ਾਹਿਤ ਕੀਤਾ ਜਾਵੇਗਾ। ਸਿਹਤ ਸੰਭਾਲ ਵਿੱਚ, ਜੀਐਸਟੀ ਦਰਾਂ ਤਰਕਸੰਗਤ ਹੋਣ ਨਾਲ ਮਰੀਜ਼ਾਂ ਦੇ ਇਲਾਜ ਦੀ ਲਾਗਤ ਘਟੀ ਏ ਅਤੇ ਇਸ ਨਾਲ ਮੱਧ ਵਰਗ ਅਤੇ ਹੇਠਲੇ ਮੱਧ ਵਰਗ ਦੇ ਲੋਕਾਂ ਨੂੰ ਲਾਭ ਹੋਵੇਗਾ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

---

ਆਕਾਸ਼ਵਾਣੀ ਜਲੰਧਰ ਵੱਲੋਂ ਅੱਜ ਹਿੰਦੀ ਪੰਦਰਵਾੜੇ ਦੀ ਸਮਾਪਤੀ ਮੌਕੇ ਇੱਕ ਸਮਾਰੋਹ ਕਰਵਾਇਆ ਗਿਆ I ਇਸਦੀ ਪ੍ਰਧਾਨਗੀ ਕਲਸਟਰ ਮੁਖੀ ਰਣਜੀਤ ਮੀਨਾ ਨੇ ਕੀਤੀ I ਪੰਦਰਵਾੜੇ ਦੌਰਾਨ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲੈਕੇ ਸਿਖਰਲੇ ਸਥਾਨ ਹਾਸਲ ਕਰਨ ਵਾਲਿਆਂ ਨੂੰ ਸਰਟੀਫਿਕੇਟ ਅਤੇ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ I ਇਸ ਦੌਰਾਨ ਆਕਾਸ਼ਵਾਣੀ ਜਲੰਧਰ ਦੇ ਪ੍ਰੋਗਰਾਮ ਅਧਿਕਾਰੀ ਸੋਹਣ ਕੁਮਾਰ ਸਮੇਤ ਵੱਖ-ਵੱਖ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ I

---

ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਪਹਿਲਕਦਮੀਆਂ ਨੂੰ ਵਧਾਉਣ ਲਈ ਤਕਨੀਕੀ ਸਹਾਇਤਾ ਪ੍ਰਦਾਨ ਕਰਨ ਵਾਸਤੇ ਡੇਲੋਇਟ ਨਾਲ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਨੇ । ਇਸ ਸਮਝੌਤੇ 'ਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਡੈਲੋਇਟ ਦੇ ਕਾਰਜਕਾਰੀ ਨਿਰਦੇਸ਼ਕ ਵਿਵੇਕ ਮਿੱਤਲ ਅਤੇ ਖੇਤੀਬਾੜੀ ਦੇ ਕਮਿਸ਼ਨਰ ਬਬੀਤਾ ਵਿਚਕਾਰ ਹਸਤਾਖਰ ਕੀਤੇ ਗਏ। ਇਹ ਭਾਈਵਾਲੀ ਪਿਛਲੇ ਸਾਲ ਪਟਿਆਲਾ ਜ਼ਿਲ੍ਹੇ ਦੇ 17 ਪਿੰਡਾਂ ਵਿੱਚ ਡੇਲੋਇਟ ਵਲੋਂ ਲਾਗੂ ਕੀਤੇ ਗਏ ਇੱਕ ਬਹੁਤ ਹੀ ਸਫਲ ਆਜ਼ਮੈਸ਼ੀ ਪ੍ਰੋਜੈਕਟ ਦੇ ਪਿੱਛੇ ਹੈ, ਜਿਸ ਵਿੱਚ ਖੇਤਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ 80 ਫਿਸਦੀ ਤੋਂ ਵੱਧ ਦੀ ਕਮੀ ਦੇਖੀ ਗਈ ਸੀ ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪਿੰਡ ਪੱਧਰੀ ਮੀਟਿੰਗਾਂ ਅਤੇ ਘਰ-ਘਰ ਜਾਗਰੂਕਤਾ ਮੁਹਿੰਮਾਂ ਰਾਹੀਂ ਕਈ ਸੂਚਨਾ, ਸਿੱਖਿਆ ਅਤੇ ਸੰਚਾਰ ਗਤੀਵਿਧੀਆਂ ਚਲਾਈਆਂ ਜਾਣਗੀਆਂ ਅਤੇ ਪ੍ਰੇਰਣਾਦਾਇਕ ਵੀਡੀਓਜ਼ ਵਾਲੀ ਇੱਕ ਡਿਜੀਟਲ ਜਾਗਰੂਕਤਾ ਵੈਨ ਅਤੇ ਇੱਕ ਪ੍ਰਗਤੀਸ਼ੀਲ ਕਿਸਾਨ, "ਉੰਨਤ ਸਿੰਘ" ਮਾਸਕੋਟ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਪਿੰਡਾਂ ਦਾ ਦੌਰਾ ਕਰੇਗੀ। ਉਨ੍ਹਾਂ ਕਿਹਾ ਕਿ ਟੀ-ਸ਼ਰਟਾਂ, ਕੈਲੰਡਰ, ਕੱਪ ਅਤੇ ਟੋਟ ਬੈਗਾਂ ਸਮੇਤ ਨਵੀਨਤਾਕਾਰੀ

ਨਾਅਰਿਆਂ ਵਾਲੇ ਸਮਾਨ ਤੋਂ ਇਲਾਵਾ, ਵੰਡੇ ਜਾਣਗੇ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਖੇਤੀ ਉਪਕਰਣਾਂ ਦੀ ਆਸਾਨ ਬੁਕਿੰਗ ਅਤੇ ਸ਼ਡਿਊਲਿੰਗ ਲਈ ਇੱਕ ਖਤਪਤਕਾਰ -ਅਨੁਕੂਲ 'ਕ੍ਰਿਸ਼ੀ ਯੰਤਰ ਸਾਥੀ' (KYS) ਮੋਬਾਈਲ ਐਪਲੀਕੇਸ਼ਨ ਵੀ ਜਾਰੀ ਕੀਤੀ ਜਾ ਰਹੀ ਹੈ। ਡਾ. ਬਲਬੀਰ ਸਿੰਘ ਨੇ ਖੇਤਾਂ ਵਿੱਚ ਲੱਗੀ ਅੱਗ ਅਤੇ ਜਨਤਕ ਸਿਹਤ ਵਿਚਕਾਰ ਮਹੱਤਵਪੂਰਨ ਸਬੰਧ ਨੂੰ ਉਜਾਗਰ ਕਰਦਿਆਂ ਕਿਹਾ ਕਿ ਪਟਿਆਲਾ ਵਿੱਚ ਸਾਬਤ ਹੋਈ ਸਫਲਤਾ ਵਾਤਾਵਰਣ ਅਤੇ ਸਾਡੇ ਲੋਕਾਂ ਦੀ ਸਿਹਤ ਦੋਵਾਂ ਦੀ ਰੱਖਿਆ ਲਈ ਇੱਕ ਵਿਹਾਰਕ ਮਾਡਲ ਦਰਸਾਉਂਦੀ ਏ I

---

ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਸਰਹੱਦੀ ਇਲਾਕਿਆਂ ਦੇ ਪੁਲਿਸ ਮੁਖੀਆਂ ਨਾਲ ਜਲੰਧਰ ਵਿੱਚ ਅਹਿਮ ਮੀਟਿੰਗ ਕੀਤੀ । ਉਨ੍ਹਾਂ ਦਸਿਆ ਕਿ ਸਰਹੱਦੀ ਇਲਾਕਿਆਂ ਵਿੱਚ ਨਸ਼ਿਆਂ ਅਤੇ ਛੋਟੇ ਹਥਿਆਰਾਂ ਦੀ ਤਸਕਰੀ ਨੂੰ ਰੋਕਣ ਲਈ ਪੁਲਿਸ,ਸਰਹੱਦੀ ਬਲਾਂ ਅਤੇ ਸੀਨੀਅਰ ਅਧਿਕਾਰੀਆਂ ਦੀ ਸਾਂਝੀ ਮੀਟਿੰਗ ਕੀਤੀ ਗਈ ਏ । ਡੀਜੀਪੀ ਨੇ ਦੱਸਿਆ ਕਿ ਅੰਮ੍ਰਿਤਸਰ ਪੁਲਿਸ ਮੁਸ਼ਤੈਦੀ ਨਾਲ ਕੰਮ ਕਰ ਰਹੀ ਏ ਅਤੇ ਹੁਣ ਤੱਕ ਵੱਡੀਆਂ ਖੇਪਾਂ ਹੈਰੋਇਨ ਦੀਆਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ। ਸਰਹੱਦੀ

ਜਿਲਿਆਂ ਦੇ ਪੁਲਿਸ ਮੁਖੀਆਂ ਜਿਸ ਵਿੱਚ ਡੀਆਈਜੀ ਬਾਰਡਰ ਰੇਂਜ ਨਾਨਕ ਸਿੰਘ, ਅੰਮ੍ਰਿਤਸਰ, ਬਟਾਲਾ, ਤਰਨ ਤਾਰਨ, ਗੁਰਦਾਸਪੁਰ ਤੇ ਪਠਾਨਕੋਟ ਜ਼ਿਲ੍ਹਿਆਂ ਦੇ ਪੁਲਿਸ ਮੁਖੀਆਂ ਅਤੇ ਏ.ਆਈ.ਜੀ ਨਾਲ ਮੀਟਿੰਗ ਕਰਨ ਉਪਰੰਤ ਉਹਨਾਂ ਨੇ ਕਿਹਾ ਕਿ ਪੰਜਾਬ ਪੁਲਿਸ ਅਮਨ ਕਾਨੂੰਨ ਅਤੇ ਰਾਜ ਦੀ ਸੁਰੱਖਿਆ ਲਈ ਲਗਾਤਾਰ ਕੰਮ **ਕਰ ਰਹੀ ਏ**

**BYTE**

ਡੀਜੀਪੀ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਡੀਜੀਪੀ ਨੇ ਕਿਹਾ ਕਿ ਉਹ ਬਾਹਰ ਬੈਠੇ ਅਪਰਾਧੀਆਂ ਦੀਆਂ ਗੱਲਾਂ ਵਿੱਚ ਨਾ ਆਉਣ ਅਤੇ ਆਪਣੇ ਭਵਿੱਖ ਨੂੰ ਅਪਰਾਧ ਦੇ ਰਸਤੇ ‘ਤੇ ਤਬਾਹ ਨਾ ਕਰਨ।

---

ਅੱਜ ਵਿਸ਼ਵ ਦਿਲ ਦਿਵਸ ਏ। ਇਹ ਦਿਨ ਹਰ ਸਾਲ 29 ਸਤੰਬਰ ਨੂੰ ਦਿਲ ਦੀਆਂ ਬਿਮਾਰੀਆਂ, ਉਨ੍ਹਾਂ ਦੀ ਰੋਕਥਾਮ ਅਤੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਨੇ ਕਿਹਾ ਕਿ ਵਿਸ਼ਵ ਦਿਲ ਦਿਵਸ ਦਿਲ ਦੀ ਸਿਹਤ ਦੀ ਮਹੱਤਤਾ 'ਤੇ ਚਾਨਣਾ ਪਾਉਂਦਾ ਏ ਅਤੇ ਦਿਲ ਨਾਲ ਸਬੰਧਤ ਬਿਮਾਰੀਆਂ ਨੂੰ ਰੋਕਣ ਲਈ ਸਰਗਰਮ ਉਪਾਵਾਂ ਨੂੰ ਉਤਸ਼ਾਹਿਤ ਕਰਦਾ ਏ। ਮੰਤਰੀ ਨੇ ਕਿਹਾ ਕਿ

ਸਿਹਤਮੰਦ ਜੀਵਨ ਸ਼ੈਲੀ ਅਪਣਾ ਕੇ, ਵਿਅਕਤੀ ਦਿਲ ਦੀਆਂ ਬਿਮਾਰੀਆਂ ਦੇ ਜੋਖਮ ਨੂੰ ਕਾਫ਼ੀ ਘਟਾ ਸਕਦੇ ਨੇ ਅਤੇ ਤੰਦਰੁਸਤੀ ਵਿੱਚ ਸੁਧਾਰ ਕਰ ਸਕਦੇ ਨੇ। ਇਸੇ ਦੌਰਾਨ ਬਠਿੰਡਾ ਦੇ ਸਿਵਲ ਸਰਜਨ ਡਾ. ਤਪਿੰਦਰਜੋਤ ਅਤੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ ਸੁਖਜਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਵਿਸ਼ਵ ਦਿਲ ਦਿਵਸ ਸਿਵਲ ਹਸਪਤਾਲ ਵਿਖੇ ਮਨਾਇਆ ਗਿਆ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਨਵੇਂ ਬਣੇ ਦਿੱਲੀ BJP ਦਫ਼ਤਰ ਦਾ ਉਦਘਾਟਨ ਕੀਤਾ-ਕਿਹਾ ਇਹ ਸਬ ਪਿਛਲੇ ਦਹਾਕਿਆਂ ਦੌਰਾਨ, BJP ਦੇ ਅਣਗਿਣਤ ਵਰਕਰਾਂ ਦੇ ਸਮਰਪਣ ਅਤੇ ਮਿਹਨਤ ਦਾ ਨਤੀਜਾ ਏ।
- -ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵਲੋਂ ਹੁਸ਼ਿਆਰਪੁਰ ਵਿੱਚ ਹੋਏ LPG ਟੈਂਕਰ ਧਮਾਕੇ ਦੇ ਸੰਬਧ ਵਿਚ ਪੰਜਾਬ ਦੇ ਮੁੱਖ ਸਕੱਤਰ, ਹੁਸ਼ਿਆਰਪੁਰ ਦੇ SSP ਅਤੇ ਪੈਟਰੋਲੀਅਮ ਅਤੇ ਵਿਸਫੋਟਕ ਸੁਰੱਖਿਆ ਸੰਗਠਨ ਦੇ ਮੁੱਖ ਕੰਟਰੋਲਰ ਨੂੰ ਨੋਟਿਸ ਜਾਰੀ।
- -ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਰਾਜ ਮੰਤਰੀ ਸਾਵਿਤ੍ਰੀ ਠਾਕੁਰ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ I

- -ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪੰਜਾਬ ਟਾਊਨ ਇੰਪਰੂਵਮੈਂਟ ਐਕਟ ਪਾਸ I
- -ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਜਲੰਧਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ - ਸੂਬੇ ਦੇ ਨੌਜਵਾਨਾਂ ਨੂੰ ਬਾਹਰ ਬੈਠੇ ਅਪਰਾਧੀਆਂ ਦੀਆਂ ਗੱਲਾਂ ਵਿੱਚ ਨਾ ਆਉਣ ਦੀ ਕੀਤੀ ਅਪੀਲ I ਅਤੇ
- ਦਿਲ ਦੀਆਂ ਬਿਮਾਰੀਆਂ, ਉਨ੍ਹਾਂ ਦੀ ਰੋਕਥਾਮ ਅਤੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਦਿਲ ਦਿਵਸ ਮਨਾਇਆ ਜਾ ਰਿਹਾ ਏ I

ਇਸਦੇ ਨਾਲ ਪ੍ਰਦੇਸ਼ਕ

ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!